**Vigilance Bureau Punjab**

**VIGILANCE NABS REVENUE PATWARI FOR TAKING BRIBE OF Rs. 20,000**

Chandigarh, April 9 : State Vigilance Bureau nabbed a Revenue Patwari red handed while accepting bribe of Rs. 20,000.

Disclosing this here an official spokesperson of the Vigilance Bureau said Ravinder Singh, Patwari posted at Dolo Nangal in Amritsar district was nabbed red handed by Vigilance team for accepting bribe of Rs. 20,000 from complainant Jaswant Singh of Isher Nagar in Ludhiana district.

The Complainant has approached the VB that the above said Patwari was demanding Rs. 35,000 for the mutation of land and the deal was struck at Rs. 30,000.

After verifying his information, the Vigilance team laid a trap and the accused Patwari was arrested on the spot while accepting bribe of Rs. 20,000/- as a first installment from the complainant in the presence of two official witnesses

He informed that a case under Prevention of Corruption Act has been registered against the accused at VB police station Amritsar and further investigations was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ 20,000 ਦੀ ਰਿਸ਼ਵਤ ਲੈਂਦਾ ਪਟਵਾਰੀ ਕਾਬੂ

ਚੰਡੀਗੜ੍ਹ, 9 ਅਪਰੈਲ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਦੋਲੋ ਨੰਗਲ, ਜਿਲਾ ਅੰਮ੍ਰਿਤਸਰ ਵਿਖੇ ਤਾਇਨਾਤ ਪਟਵਾਰੀ ਰਵਿੰਦਰ ਸਿੰਘ ਨੂੰ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਹਰਵਿੰਦਰ ਸਿੰਘ ਨੂੰ ਸ਼ਿਕਾਇਤਕਰਤਾ ਜਸਵੰਤ ਸਿੰਘ ਵਾਸੀ ਇਸ਼ਰ ਨਗਰ, ਜਿਲਾ ਲੁਧਿਆਣਾ ਦੀ ਸ਼ਿਕਾਇਤ ’ਤੇ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਮਾਤਾ ਦੇ ਦਿਹਾਂਤ ਤੋ ਬਾਅਦ ਜਮੀਨ ਦਾ ਇੰਤਕਾਲ ਉਸਦੇ ਅਤੇ ਉਸ ਦੇ ਪਿਤਾ ਦੇ ਨਾਂ ਕਰਨ ਬਦਲੇ 35,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 30,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ  ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-------------